ਪਉੜੀ ॥ ਆਪੇ ਹੀ ਕਰਣਾ ਕੀਓ ਕਲ ਆਪੇ ਹੀ ਤੈ ਧਾਰੀਐ ॥ ਦੇਖਹਿ ਕੀਤਾ ਆਪਣਾ ਧਰਿ ਕਚੀ ਪਕੀ ਸਾਰੀਐ ॥ ਜੋ ਆਇਆ ਸੋ ਚਲਸੀ ਸਭੁ ਕੋਈ ਆਈ ਵਾਰੀਐ ॥ ਜਿਸ ਕੇ ਜੀਅ ਪਰਾਣ ਹਹਿ ਕਿਉ ਸਾਹਿਬੁ ਮਨਹੁ ਵਿਸਾਰੀਐ ॥ ਆਪਣ ਹਥੀ ਆਪਣਾ ਆਪੇ ਹੀ ਕਾਜੁ ਸਵਾਰੀਐ ॥ ੨੦॥

{ਪੰਨਾ 474}

ਪਦਅਰਥ:- ਕਰਣਾ—ਸਰੀਰ, ਕੀਤਾ ਹੋਇਆ ਅਕਾਰ, ਸ੍ਰਿਸ਼ਟੀ। ਤੈ—(ਹੇ ਪ੍ਰਭੂ!) ਤੂੰ। ਧਰਿ—ਧਰ ਕੇ, ਰੱਖ ਕੇ, (ਜਗਤ ਵਿਚ) ਰਚ ਕੇ। ਸਾਰੀ—ਨਰਦ, ਜੀਵ-ਰੂਪ ਨਰਦਾਂ। ਕਚੀ ਪਕੀ ਸਾਰੀਐ—ਕੱਚੀਆਂ ਪੱਕੀਆਂ ਨਰਦਾਂ ਨੂੰ, ਚੰਗੇ ਮੰਦੇ ਜੀਵਾਂ ਨੂੰ। ਜਿਸ ਕੇ—ਜਿਸ ਪ੍ਰਭੂ ਦੇ। 20।

ਅਰਥ:- (ਹੇ ਪ੍ਰਭੂ!) ਤੂੰ ਆਪ ਹੀ ਇਹ ਸ੍ਰਿਸ਼ਟੀ ਰਚੀ ਹੈ ਅਤੇ ਤੂੰ ਆਪ ਹੀ ਇਸ ਵਿਚ (ਜਿੰਦ ਰੂਪ) ਸੱਤਿਆ ਪਾਈ ਹੈ। ਚੰਗੇ ਮੰਦੇ ਜੀਵਾਂ ਨੂੰ ਪੈਦਾ ਕਰ ਕੇ, ਆਪਣੇ ਪੈਦਾ ਕੀਤੇ ਹੋਇਆਂ ਦੀ ਤੂੰ ਆਪ ਹੀ ਸੰਭਾਲ ਕਰ ਰਿਹਾ ਹੈਂ।

(ਹੇ ਭਾਈ!) ਜਿਸ ਪ੍ਰਭੂ ਦੇ ਦਿੱਤੇ ਹੋਏ ਇਹ ਜਿੰਦ ਤੇ ਪ੍ਰਾਣ ਹਨ, ਉਸ ਮਾਲਕ ਨੂੰ ਮਨ ਤੋਂ ਕਦੇ ਭੁਲਾਣਾ ਨਹੀਂ ਚਾਹੀਦਾ। (ਜਿਤਨਾ ਚਿਰ ਇਹ ਜਿੰਦ ਤੇ ਪ੍ਰਾਣ ਮਿਲੇ ਹੋਏ ਹਨ, ਉੱਦਮ ਕਰ ਕੇ) ਆਪਣੇ ਹੱਥਾਂ ਨਾਲ ਆਪਣਾ ਕੰਮ ਆਪ ਹੀ ਸੁਆਰਨਾ ਚਾਹੀਦਾ ਹੈ (ਭਾਵ, ਇਹ ਮਨੁੱਖਾ-ਜਨਮ ਹਰੀ ਦੇ ਸਿਮਰਨ ਨਾਲ ਸਫਲ ਕਰਨਾ ਚਾਹੀਦਾ ਹੈ)। 20।